# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 29-01-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਐਤਵਾਰ ਨੂੰ ਗੁਰੂ ਰਵਿਦਾਸ ਜਯੰਤੀ ਦੇ ਮੌਕੇ 'ਤੇ ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਆਉਣਗੇ। ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਦੱਸਿਆ ਏ ਕਿ ਸ਼੍ਰੀ ਮੋਦੀ ਸਵੇਰੇ ਸੰਸਦ ਦੇ ਬਜਟ ਸਮਾਗਮ ਵਿੱਚ ਸ਼ਾਮਲ ਹੋਣ ਤੋਂ, ਬਾਅਦ ਦੁਪਹਿਰ ਡੇਰੇ ਪਹੁੰਚਣਗੇ। ਪ੍ਰਧਾਨ ਮੰਤਰੀ ਦਾ ਇਹ ਦੌਰਾ ਗੁਰੂ ਰਵਿਦਾਸ ਜਯੰਤੀ ਦੇ ਮੌਕੇ 'ਤੇ ਹੋ ਰਿਹਾ ਏ। ਪਿਛਲੇ ਕੁਝ ਸਾਲਾਂ ਤੋਂ, ਸ਼੍ਰੀ ਮੋਦੀ ਆਪਣੇ ਹਲਕੇ ਵਾਰਾਨਸੀ ਵਿੱਚ ਸਥਿਤ, ਗੁਰੂ ਰਵਿਦਾਸ ਜੀ ਦੇ ਜਨਮ ਸਥਾਨ, ਸੀਰ ਗੋਵਰਧਨ ਦੇ ਦਰਸ਼ਨ ਕਰ ਰਹੇ ਨੇ। ਡੇਰਾ ਬੱਲਾਂ ਦੇ ਮੁਖੀ ਸੰਤ ਨਿਰੰਜਨ ਦਾਸ ਨੂੰ, ਇਸ ਸਾਲ ਪਦਮ ਸ਼੍ਰੀ ਪੁਰਸਕਾਰ ਲਈ ਵੀ ਚੁਣਿਆ ਗਿਆ ਏ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਇਸ ਸੰਬੰਧੀ ਜਾਣਕਾਰੀ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਏ। ਮੁੱਖ ਮੰਤਰੀ ਨੇ ਪ੍ਰਧਾਨ ਮੰਤਰੀ ਨੂੰ

ਆਦਮਪੁਰ ਸਿਵਲ ਹਵਾਈ ਅੱਡੇ ਦਾ ਨਾਂ ਗੁਰੂ ਰਵਿਦਾਸ ਜੀ ਦੇ ਨਾਂ 'ਤੇ ਰੱਖਣ ਦੀ ਬੇਨਤੀ ਵੀ ਕੀਤੀ। ਪੰਜਾਬ ਸਰਕਾਰ ਨੇ ਐਲਾਨ ਕੀਤਾ ਏ ਕਿ, ਪਹਿਲੀ ਫਰਵਰੀ ਨੂੰ ਆਉਣ ਵਾਲਾ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ, ਵੱਡੇ ਪੱਧਰ 'ਤੇ ਮਨਾਇਆ ਜਾਵੇਗਾ।

--------------------------------------------

ਭਾਜਪਾ ਕੌਂਸਲਰ ਸੌਰਭ ਜੋਸ਼ੀ ਚੰਡੀਗੜ੍ਹ ਦੇ ਮੇਅਰ ਚੁਣੇ ਗਏ ਨੇ. ਚੰਡੀਗੜ੍ਹ ਨਗਰ ਨਿਗਮ ਲਈ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੇ ਅਹੁਦਿਆਂ ਲਈ ਵੋਟਿੰਗ ਸਵੇਰੇ 11 ਵਜੇ ਸ਼ੁਰੂ ਹੋਈ। ਭਾਜਪਾ ਨੇ ਸੌਰਭ ਜੋਸ਼ੀ ਨੂੰ, ਕਾਂਗਰਸ ਨੇ ਗੁਰਪ੍ਰੀਤ ਸਿੰਘ ਗੱਬੀ ਨੂੰ ਅਤੇ 'ਆਪ' ਨੇ ਯੋਗੇਸ਼ ਢੀਂਗਰਾ ਨੂੰ ਮੈਦਾਨ ਵਿੱਚ ਉਤਾਰਿਆ। ਕਾਂਗਰਸ ਦੇ ਉਮੀਦਵਾਰ ਗੁਰਪ੍ਰੀਤ ਸਿੰਘ ਗੱਬੀ ਨੂੰ 7 ਅਤੇ 'ਆਪ' ਦੇ ਯੋਗੇਸ਼ ਢੀਂਗਰਾ ਨੂੰ 11 ਵੋਟਾਂ ਮਿਲੀਆਂ. ਭਾਜਪਾ ਦੇ ਜਸਮਨ-ਪ੍ਰੀਤ ਸਿੰਘ ਨੂੰ 18 ਵੋਟਾਂ ਨਾਲ ਸੀਨੀਅਰ ਡਿਪਟੀ ਮੇਅਰ ਚੁਣਿਆ ਗਿਆ। ਭਾਜਪਾ ਕੌਂਸਲਰ ਸੁਮਨ ਸ਼ਰਮਾ ਨੂੰ 18 ਵੋਟਾਂ ਨਾਲ ਚੰਡੀਗੜ੍ਹ ਦਾ ਡਿਪਟੀ ਮੇਅਰ ਚੁਣਿਆ ਗਿਆ ਏ, ਜਿਸ ਨਾਲ ਪਾਰਟੀ ਨੇ ਤਿੰਨੋਂ ਮੁੱਖ ਅਹੁਦਿਆਂ - ਮੇਅਰ,

ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ - 'ਤੇ ਜਿੱਤ ਹਾਸਿਲ ਕਰ ਲਈ ਏ.

---------------------------------------------

ਇੱਕ ਵੱਡੀ ਸਫਲਤਾ ਵਿੱਚ, ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਵਿੱਚ ਦੋ ਵਿਅਕਤੀਆਂ ਨੂੰ ਗਿਰਫਤਾਰ ਕੀਤਾ ਏ ਅਤੇ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਇੱਕ ਵੱਡੀ ਖੇਪ ਬਰਾਮਦ ਕੀਤੀ ਏ. ਪੁਲਿਸ ਹਲਕਿਆਂ ਨੇ ਪੁਸ਼ਟੀ ਕੀਤੀ ਏ ਕਿ ਇਸ ਖੇਪ ਵਿੱਚ ਕਰੀਬ 43 ਕਿਲੋਗ੍ਰਾਮ Heroin, 4 ਹੱਥਗੋਲੇ, ਇੱਕ ਪਿਸਤੌਲ ਤੇ 46 ਜਿੰਦਾ ਕਾਰਤੂਸ ਸ਼ਾਮਿਲ ਨੇ। ਇਹ ਬਰਾਮਦਗੀ, ਪਿੰਡ ਰੱਖਿਆ ਕਮੇਟੀ ਦੀ ਮਦਦ ਨਾਲ ਕੀਤੀ ਗਈ ਏ. ਹੋਰ ਵੇਰਵਿਆਂ ਦੀ ਉਡੀਕ ਏ.

---------------------------------------------

ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ (PHRC) ਪੰਜਾਬ ਦੇ ਹਰੇਕ ਜ਼ਿਲ੍ਹੇ ਵਿੱਚ 15 ਮੈਂਬਰਾਂ ਦਾ ਇੱਕ ਕੋਰ ਗਰੁੱਪ ਬਣਾਏਗਾ, ਜੋ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੀ ਨਿਗਰਾਨੀ ਕਰੇਗਾ ਅਤੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਕਮਿਸ਼ਨ ਨੂੰ ਜ਼ਿਲ੍ਹਾ ਪੱਧਰ 'ਤੇ ਛੋਟੀਆਂ ਸ਼ਿਕਾਇਤਾਂ ਦੇ ਹੱਲ ਵਿੱਚ

ਸਹਾਇਤਾ ਕਰੇਗਾ। ਇਹ ਜਾਣਕਾਰੀ ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਅਤੇ ਪਦਮ ਸ਼੍ਰੀ award ਜੇਤੂ ਡਾ. ਜਤਿੰਦਰ ਸਿੰਘ ਸ਼ੰਟੀ ਨੇ ਬੀਤੀ ਸ਼ਾਮ ਜ਼ੀਰਕਪੁਰ ਵਿਖੇ ਦਿੱਤੀ। ਡਾ. ਸ਼ੰਟੀ ਇੱਕ ਸਥਾਨਕ ਹੋਟਲ ਵਿੱਚ ਜੈਕ ਰੈਜ਼ੀਡੈਂਟਸ ਵੈਲਫੇਅਰ ਸੋਸਾਇਟੀ ਦੁਆਰਾ ਕਰਾਏ ਗਏ ਮਨੁੱਖੀ ਅਧਿਕਾਰ ਜਾਗਰੂਕਤਾ ਸੈਮੀਨਾਰ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਕੋਰ ਗਰੁੱਪ ਮੈਂਬਰਾਂ ਦੀ ਰਜਿਸਟ੍ਰੇਸ਼ਨ ਦੀ ਆਖਰੀ ਤਰੀਕ 4 ਫਰਵਰੀ ਏ, ਅਤੇ ਯੋਗਤਾ ਮਾਪਦੰਡਾਂ ਸਮੇਤ ਅਰਜ਼ੀ ਫਾਰਮ PHRC ਦੀ ਵੈੱਬਸਾਈਟ 'ਤੇ ਉਪਲਬਧ ਏ । ਉਨ੍ਹਾਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨਾਲ ਸਬੰਧਤ ਸ਼ਿਕਾਇਤਾਂ ਦਰਜ ਕਰਨ ਲਈ ਇੱਕ ਵਟਸਐਪ ਹੈਲਪਲਾਈਨ ਨੰਬਰ, 98-554-75-547 ਜਾਰੀ ਕਰਨ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਸਥਾਨਕ ਪ੍ਰਸ਼ਾਸਨ ਵੱਲੋਂ ਤੰਗ - ਪ੍ਰੇਸ਼ਾਨ ਕੀਤਾ ਜਾਂਦਾ ਏ, ਤਾਂ ਉਹ ਆਪਣੀ ਸ਼ਿਕਾਇਤ ਸਿਧਿਆਂ ਇਸ ਨੰਬਰ ਰਾਹੀਂ ਕਮਿਸ਼ਨ ਨੂੰ ਭੇਜ ਸਕਦੇ ਨੇ. ਸਿਹਤ ਖੇਤਰ ਨਾਲ ਸਬੰਧਤ ਮਨੁੱਖੀ ਅਧਿਕਾਰਾਂ ਦੇ ਮੁੱਦਿਆਂ ਨੂੰ ਉਜਾਗਰ ਕਰਦੇ ਹੋਏ, ਡਾ. ਸ਼ਾਂਤੀ ਨੇ ਸਪੱਸ਼ਟ ਕੀਤਾ ਕਿ ਕੋਈ ਵੀ

ਹਸਪਤਾਲ ਕਿਸੇ ਮ੍ਰਿਤਕ ਵਿਅਕਤੀ ਦੀ ਦੇਹ ਨੂੰ ਬਕਾਇਆ ਇਲਾਜ ਫੀਸਾਂ ਦੇ ਆਧਾਰ 'ਤੇ ਪਰਿਵਾਰ ਨੂੰ ਸੌਂਪਣ ਤੋਂ ਇਨਕਾਰ ਨਹੀਂ ਕਰ ਸਕਦਾ, ਕਿਉਂਕਿ ਇਹ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੇ ਵਿਰੁੱਧ ਏ।

-------------------------------------------------

ਲੁਧਿਆਣਾ ਵਿਖੇ ਹੋਣ ਵਾਲੀਆਂ 'ਕਿਲ੍ਹਾ ਰਾਏਪੁਰ ਰੂਰਲ ਓਲੰਪਿਕ-2026' ਖੇਡਾਂ ਜੋ ਪਹਿਲਾਂ 30 ਜਨਵਰੀ ਤੋਂ ਪਹਿਲੀ ਫਰਵਰੀ ਤੱਕ ਹੋਣੀਆਂ ਸਨ ਓਹ ਹੁਣ 17 ਫਰਵਰੀ ਨੂੰ ਸ਼ੁਰੂ ਹੋ ਕੇ 19 ਫਰਵਰੀ ਤਕ ਹੋਣਗੀਆਂ. ਖੇਡਾਂ ਅੱਗੇ ਪਾਏ ਜਾਣ ਬਾਰੇ ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਕਿਲ੍ਹਾ ਰਾਏਪੁਰ ਸਪੋਰਟਸ ਸੁਸਾਇਟੀ ਦੇ ਪ੍ਰਧਾਨ, ਕਰਨਲ ਸੁਰਿੰਦਰ ਸਿੰਘ ਗਰੇਵਾਲ ਨੇ ਦੱਸਿਆ ਕਿ ਖੇਡਾਂ ਦੀਆਂ ਤਰੀਕਾਂ ‘ਚ ਇਹ ਸੋਧ ਮੀਂਹ ਕਾਰਣ ਮੈਦਾਨ ਗਿੱਲੇ ਹੋਣ ਕਰਕੇ ਕੀਤੀ ਗਈ ਏ. ਓਹਨਾਂ ਦੱਸਿਆ ਕਿ ਗਿੱਲੀ ਮਿੱਟੀ ਖੇਡਾਂ ਦੇ ਸੁਚਾਰੂ ਸੰਚਾਲਨ ‘ਚ ਵਿਘਨ ਪਾ ਸਕਦੀ ਏ ਇਸ ਕਰਕੇ ਇਹ ਕਦਮ ਚੁਕਿਆ ਗਿਆ ਏ. ਜ਼ਿਕਰਯੋਗ ਏ ਕਿ ਇਹਨਾਂ ਖੇਡਾਂ ਵਿੱਚ ਤਿੰਨੇ ਦਿਨ ਬੈਲ ਗੱਡੀਆਂ ਦੀਆਂ ਦੌੜਾਂ ਵੀ

ਹੋਣਗੀਆਂ। ਇਹ ਦੌੜਾਂ 2014 ਤੋਂ ਬਾਅਦ ਹੁਣ ਕਰਾਈਆਂ ਜਾ ਰਹੀਆਂ ਨੇ. ਬੈਲ ਗੱਡੀਆਂ ਦੀਆਂ ਦੌੜਾਂ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੱਕ ਕਮੇਟੀ ਦਾ ਗਠਨ ਵੀ ਕੀਤਾ ਗਿਆ ਏ । ਇਹ ਕਮੇਟੀ, ਭਾਰਤੀ ਪਸ਼ੂ ਭਲਾਈ ਬੋਰਡ ਅਤੇ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਤੇ ਜਾਰੀ ਕੀਤੀਆਂ ਗਈਆਂ ਹਦਾਇਤਾਂ, ਅਤੇ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ ਬਾਰੇ ਵਖ ਵਖ ਕਾਨੂੰਨਾਂ ਦੀ ਪਾਲਣਾ ਕਰਨੀ ਯਕੀਨੀ ਬਣਾਏਗੀ .

-----------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਹਿਮਾਚਲ ਪ੍ਰਦੇਸ਼ ਵਿੱਚ ਸੀਤ ਲਹਿਰ ਅਤੇ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ। ਉੱਤਰ-ਪੱਛਮੀ ਅਤੇ ਕੇਂਦਰੀ ਭਾਰਤ ਵਿੱਚ ਘੱਟੋ-ਘੱਟ ਤਾਪਮਾਨ ਵਿੱਚ 2 ਤੋਂ 4 ਡਿਗਰੀ ਸੈਲਸੀਅਸ ਦੀ ਗਿਰਾਵਟ ਦਾ ਵੀ ਅਨੁਮਾਨ ਏ।